**ਮਃ ੪ ॥ ਗੁਰ ਸਤਿਗੁਰ ਕਾ ਜੋ ਸਿਖੁ ਅਖਾਏ ਸੁ ਭਲਕੇ ਉਠਿ ਹਰਿ ਨਾਮੁ ਧਿਆਵੈ ॥ ਉਦਮੁ ਕਰੇ ਭਲਕੇ ਪਰਭਾਤੀ ਇਸਨਾਨੁ ਕਰੇ ਅੰਮ੍ਰਿਤ ਸਰਿ ਨਾਵੈ ॥ ਉਪਦੇਸਿ ਗੁਰੂ ਹਰਿ ਹਰਿ ਜਪੁ ਜਾਪੈ ਸਭਿ ਕਿਲਵਿਖ ਪਾਪ ਦੋਖ ਲਹਿ ਜਾਵੈ ॥ ਫਿਰਿ ਚੜੈ ਦਿਵਸੁ ਗੁਰਬਾਣੀ ਗਾਵੈ ਬਹਦਿਆ ਉਠਦਿਆ ਹਰਿ ਨਾਮੁ ਧਿਆਵੈ ॥ ਜੋ ਸਾਸਿ ਗਿਰਾਸਿ ਧਿਆਏ ਮੇਰਾ ਹਰਿ ਹਰਿ ਸੋ ਗੁਰਸਿਖੁ ਗੁਰੂ ਮਨਿ ਭਾਵੈ ॥ {ਪੰਨਾ 305}**

ਪਦਅਰਥ:- ਭਲਕੇ—ਨਿੱਤ ਸਵੇਰੇ। ਅੰਮ੍ਰਿਤਸਰਿ—ਨਾਮ-ਰੂਪ ਅੰਮ੍ਰਿਤ ਦੇ ਸਰੋਵਰ ਵਿਚ। ਉਪਦੇਸਿ—ਉਪਦੇਸ਼ ਦੀ ਰਾਹੀਂ। ਕਿਲਵਿਖ—ਪਾਪ। ਸਾਸਿ—ਸਾਹ ਦੇ ਨਾਲ। ਗਿਰਾਸਿ—ਗਿਰਾਹੀ ਦੇ ਨਾਲ। ਸਾਸਿ ਗਿਰਾਸਿ—ਹਰ ਦਮ।

ਅਰਥ:- ਜੋ ਮਨੁੱਖ ਸਤਿਗੁਰੂ ਦਾ (ਸੱਚਾ) ਸਿੱਖ ਅਖਵਾਂਦਾ ਹੈ (ਭਾਵ, ਜਿਸ ਨੂੰ ਲੋਕ ਸੱਚਾ ਸਿੱਖ ਆਖਦੇ ਹਨ) ਉਹ ਰੋਜ਼ ਸਵੇਰੇ ਉੱਠ ਕੇ ਹਰਿ-ਨਾਮ ਦਾ ਸਿਮਰਨ ਕਰਦਾ ਹੈ, ਹਰ ਰੋਜ਼ ਸਵੇਰੇ ਉੱਦਮ ਕਰਦਾ ਹੈ, ਇਸ਼ਨਾਨ ਕਰਦਾ ਹੈ (ਤੇ ਫਿਰ ਨਾਮ-ਰੂਪ) ਅੰਮ੍ਰਿਤ ਦੇ ਸਰੋਵਰ ਵਿਚ ਟੁੱਭੀ ਲਾਉਂਦਾ ਹੈ, ਸਤਿਗੁਰੂ ਦੇ ਉਪਦੇਸ਼ ਦੁਆਰਾ ਪ੍ਰਭੂ ਦੇ ਨਾਮ ਦਾ ਜਾਪ ਜਪਦਾ ਹੈ ਤੇ (ਇਸ ਤਰ੍ਹਾਂ) ਉਸ ਦੇ ਸਾਰੇ ਪਾਪ-ਵਿਕਾਰ ਲਹਿ ਜਾਂਦੇ ਹਨ; ਫਿਰ ਦਿਨ ਚੜ੍ਹੇ ਸਤਿਗੁਰੂ ਦੀ ਬਾਣੀ ਦਾ ਕੀਰਤਨ ਕਰਦਾ ਹੈ ਤੇ (ਦਿਹਾੜੀ) ਬਹਿੰਦਿਆਂ ਉੱਠਦਿਆਂ (ਭਾਵ, ਕਾਰ-ਕਿਰਤ ਕਰਦਿਆਂ) ਪ੍ਰਭੂ ਦਾ ਨਾਮ ਸਿਮਰਦਾ ਹੈ। ਸਤਿਗੁਰੂ ਦੇ ਮਨ ਵਿਚ ਉਹ ਸਿੱਖ ਚੰਗਾ ਲੱਗਦਾ ਹੈ ਜੋ ਪਿਆਰੇ ਪ੍ਰਭੂ ਨੂੰ ਹਰ ਦਮ ਯਾਦ ਕਰਦਾ ਹੈ।

**ਜਿਸ ਨੋ ਦਇਆਲੁ ਹੋਵੈ ਮੇਰਾ ਸੁਆਮੀ ਤਿਸੁ ਗੁਰਸਿਖ ਗੁਰੂ ਉਪਦੇਸੁ ਸੁਣਾਵੈ ॥ ਜਨੁ ਨਾਨਕੁ ਧੂੜਿ ਮੰਗੈ ਤਿਸੁ ਗੁਰਸਿਖ ਕੀ ਜੋ ਆਪਿ ਜਪੈ ਅਵਰਹ ਨਾਮੁ ਜਪਾਵੈ ॥੨॥ {ਪੰਨਾ 306}**

ਪਦਅਰਥ:- ਅਵਰਹ—ਹੋਰਨਾਂ ਨੂੰ।2।

ਅਰਥ:- ਜਿਸ ਤੇ ਪਿਆਰਾ ਪ੍ਰਭੂ ਦਿਆਲ ਹੁੰਦਾ ਹੈ, ਉਸ ਗੁਰਸਿੱਖ ਨੂੰ ਸਤਿਗੁਰੂ ਸਿੱਖਿਆ ਦੇਂਦਾ ਹੈ। ਦਾਸ ਨਾਨਕ (ਭੀ) ਉਸ ਗੁਰਸਿੱਖ ਦੀ ਚਰਨ-ਧੂੜ ਮੰਗਦਾ ਹੈ ਜੋ ਆਪ ਨਾਮ ਜਪਦਾ ਹੈ ਤੇ ਹੋਰਨਾਂ ਨੂੰ ਜਪਾਉਂਦਾ ਹੈ।2।